ਦਫਤਰ: ਕਾਰਜਕਾਰੀ ਇੰਜੀਨੀਅਰ,ਉਸਾਰੀ ਮੰਡਲ ਨੰ: 1, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ. ਏ. ਐਸ.ਨਗਰ
(ਇੰਡਸਟਰੀਅਲ ਏਰੀਆ ਫੇਸ 1, ਨੇੜੇ ਪੁਲਿਸ ਥਾਣਾ ਫੇਸ 1, ਐਸ. ਏ. ਐਸ. ਨਗਰ)
**E-mail: pwdc1mohali@gmail.com Tel / Fax: 0172-2225863**

ਵੱਲ,

Recd on
04/7/25

The Principal,
Doon International School,
Eco City Phase-2, New Chandigarh,
Mullanpur, Distt. SAS Nagar.

ਮੀਮੋ ਨੰ: 2672 ਮਿਤੀ: 27.05.2025

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ (ਸਾਲ 2025-26) ਜਾਰੀ ਕਰਨ ਸਬੰਧੀ।**
(Doon International School, Eco City Phase-2, New Chandigarh, Mullanpur, Distt. SAS Nagar)

ਹਵਾਲਾ:- ਆਪ ਦੇ ਦਫਤਰ ਦਾ ਪੱਤਰ ਨੰ- DIS(NC)/2025 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਲੋ.ਨਿ.ਵਿ ਭ ਤੇ ਮ ਸ਼ਾਖਾ, ਖਰੜ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਇਮਾਰਤ ਠੀਕ ਪਾਈ ਗਈ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਆਰਡਰ ਨੰ-5/13/2018-3BR3/ 1294287/3 ਮਿਤੀ- 10.08.2018 ਰਾਹੀਂ ਸਕੂਲ ਵੱਲੋਂ ਇਮਾਰਤ ਦੀ ਲੋੜੀਂਦੀ ਇੰਸਪੈਕਸ਼ਨ ਫੀਸ 20000/- ਰੁਪਏ ਚਲਾਨ ਨੰ- 17479637 ਮਿਤੀ- 14.05.2025 ਰਾਹੀਂ ਜਮ੍ਹਾ ਕਰਵਾ ਦਿੱਤੀ ਗਈ ਹੈ। ਜਿਸ ਸਬੰਧ ਵਿੱਚ ਸਕੂਲ ਦਾ ਬਿਲਡਿੰਗ ਸਰਟੀਫਿਕੇਟ ਨਾਲ ਨੱਥੀ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ- ਮਿਤੀ-

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਲੋ.ਨਿ.ਵਿ ਭ ਤੇ ਮ ਸ਼ਾਖਾ, ਖਰੜ ਨੂੰ ਉਨ੍ਹਾਂ ਦੇ ਦਫਤਰ ਦੇ ਮੀਮੋ ਨੰ- 151 ਮਿਤੀ- 22.05.2025 ਦੇ ਸਬੰਧ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ.ਨਿ.ਵਿ ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Principal
Doon International School

## Building Safety Certificate

Subject: Building Safety Certificate for Doon International School, Eco City Phase-2, New Chandigarh, Mullanpur, Distt SAS Nagar.

Doon International School, Eco City Phase-2, New Chandigarh, Mullanpur, Distt SAS Nagar ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ Er..Gobind Khurana, M.E Structure (Delhi University), Reg No. AM1942371, Engineer's Enclave, Near Curo Mall, 66 Feet Road, Jalandhar ਵਲੋ ਮੀਮੋ ਨੰ TC/CS/02/25 ਮਿਤੀ: 20.02.2025 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ: 31.03.2026 ਤੱਕ ਹੇਠ ਲਿਖੀਆਂ ਸ਼ਰਤਾ ਤੇ ਜਾਰੀ ਕੀਤਾ ਜਾਂਦਾ ਹੈ:-

1) ਨਿਰੀਖਣ ਤੋਂ ਬਾਅਦ ਜੇਕਰ ਸਕੂਲ ਮੁੱਖੀ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਜਾਂ ਨਵੀਂ ਉਸਾਰੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।

2) ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3) ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟਿਫਿਕੇਟ ਪੰਜਬ ਫਾਇਰ ਸਰਵਿਸਿਸ, ਖਰੜ ਵੱਲੋ ਉਨ੍ਹਾਂ ਦੇ ਨੰ: 2004-96287-Fire/75716 ਮਿਤੀ: 20.09.2024 ਰਾਹੀ ਮਿਤੀ 19.09.2025 ਤੱਕ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ ਅਤੇ ਸਕੂਲ ਅਥਾਰਟੀ ਵਲੋ ਮਿਤੀ 20.09.2025 ਤੋਂ ਪੰਜਾਬ ਫਾਇਰ ਸਰਵਿਸ ਵਲੋ ਜਾਰੀ ਫਾਇਰ ਸੇਫਟੀ ਸਰਟੀਫਿਕੇਟ (ਵਿੱਤੀ ਸਾਲ 2025-26) ਜਾਰੀ ਹੋਣ ਉਪਰੰਤ ਇਸ ਦਫਤਰ ਵਿੱਖੇ ਜਮ੍ਹਾਂ ਕਰਵਾਉਣ ਲਈ ਪਾਬੰਧ ਹੋਵੇਗੀ।

4) ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਹੀ ਇੰਸਪੈਕਸ਼ਨ ਕਰਾਵੁਣ ਦੀ ਨਿਰੋਲ ਜਿੰਮੇਵਾਰੀ ਕੇਵਲ ਬਿਨੇਕਾਰ ਦੀ ਹੋਵੇਗੀ।

5) ਜੇਕਰ ਸਕੂਲ ਵੱਲੋ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

6) ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ/ ਸਰਕਾਰ ਵੱਲੋ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ, ਉਸ ਨੂੰ ਇਹ ਸਸੰਥਾ ਮਨਣ ਦੀ ਪਾਬੰਦ ਹੋਵੇਗੀ।

7) ਜੇਕਰ ਬਿਲਡਿੰਗ ਉਪਰ ਹੋਰ ਮੰਜਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।

8) ਇਹ ਸਰਟੀਫਿਕੇਟ ਕੇਵਲ visual inspection ਦੇ ਅਧਾਰ ਤੇ ਕੇਵਲ structural safety ਪੱਖੋਂ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, equipment ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

9) ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ ਭ ਤੇ ਮ ਸ਼ਾਖਾ,
ਖਰੜ।

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਨੰ:1 ਲੋ:ਨਿ:ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Principal
Doon International School
New Chandigarh